# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 03-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਆਰਥਿਕਤਾ ਬਣਨ ਦੇ ਰਾਹ 'ਤੇ ਏ, ਇਸਲਈ ਭਾਰਤ ਨੂੰ ਆਪਣੇ ਆਰਥਿਕ ਹਿੱਤਾਂ ਪ੍ਰਤੀ ਸੁਚੇਤ ਰਹਿਣਾ ਚਾਹੀਦਾ ਏ। ਕੱਲ੍ਹ ਉੱਤਰ ਪ੍ਰਦੇਸ਼ ਦੇ ਵਾਰਾਣਸੀ ਵਿੱਚ ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਣ ਤੋਂ ਬਾਅਦ ਇੱਕ ਜਨਤਕ ਇਕਠ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਕਿਹਾ ਕਿ ਵਿਸ਼ਵ ਆਰਥਿਕਤਾ ਇਸ ਸਮੇਂ ਅਨਿਸ਼ਚਿਤਤਾ ਅਤੇ ਅਸਥਿਰਤਾ ਦੇ ਦੌਰ ਵਿੱਚੋਂ ਲੰਘ ਰਹੀ ਏ ਅਤੇ ਸਾਰੇ ਦੇਸ਼ ਆਪਣੇ ਹਿੱਤਾਂ 'ਤੇ ਧਿਆਨ ਕੇਂਦਰਿਤ ਕਰ ਰਹੇ ਨੇ ਅਜਿਹੀ ਸਥਿਤੀ ਵਿੱਚ, ਨਾਗਰਿਕਾਂ ਦੀ ਜ਼ਿੰਮੇਵਾਰੀ ਏ ਕਿ ਉਹ ਸਵਦੇਸ਼ੀ ਲਈ ਅਹਿਦ ਲੈਣ- byte –

---------------------------------------------------------------------

ਚੋਣ ਕਮਿਸ਼ਨ ਨੇ ਬੂਥ ਪਧਰ ਦੇ ਅਫਸਰਾਂ (BLOs) ਦੇ ਮਿਹਨਤਾਨੇ ਨੂੰ ਦੁੱਗਣਾ ਕਰ ਦਿੱਤਾ ਏ ਅਤੇ ਵੋਟਰ ਸੂਚੀਆਂ ਦੀ ਤਿਆਰੀ ਅਤੇ ਸੋਧ ਵਿੱਚ ਸ਼ਾਮਲ BLO ਸੁਪਰਵਾਈਜ਼ਰਾਂ ਦੇ ਮਿਹਨਤਾਨੇ ਨੂੰ ਵਧਾ ਦਿੱਤਾ ਏ।

ਚੋਣ ਸੰਸਥਾ ਨੇ ਇੱਕ ਬਿਆਨ ਵਿੱਚ ਦੱਸਿਆ ਏ ਕਿ ਸੋਧੇ ਹੋਏ ਢਾਂਚੇ ਮੁਤਾਬਿਕ, BLO ਲਈ ਸਾਲਾਨਾ ਮਿਹਨਤਾਨੇ ਨੂੰ ਛੇ ਹਜ਼ਾਰ ਰੁਪਏ ਤੋਂ ਦੁੱਗਣਾ ਕਰ ਕੇ 12 ਹਜ਼ਾਰ ਰੁਪਏ ਕਰ ਦਿੱਤਾ ਗਿਆ ਏ । ਇਸ ਤੋਂ ਇਲਾਵਾ, ਵੋਟਰ ਸੂਚੀਆਂ ਦੀ ਸੋਧ ਲਈ BLO ਲਈ ਮਿਹਨਤਾਨਾ ਇੱਕ ਹਜ਼ਾਰ ਰੁਪਏ ਤੋਂ ਵਧਾ ਕੇ ਦੋ ਹਜ਼ਾਰ ਰੁਪਏ ਕਰ ਦਿੱਤਾ ਗਿਆ ਏ। ਚੋਣ ਸੂਚੀਆਂ ਦੀ ਤਿਆਰੀ ਦੀ ਪ੍ਰਕਿਰਿਆ ਦੀ ਨਿਗਰਾਨੀ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ BLO ਸੁਪਰਵਾਈਜ਼ਰਾਂ ਨੂੰ ਹੁਣ 12 ਹਜ਼ਾਰ ਰੁਪਏ ਤੋਂ ਵਧਾ ਕੇ 18 ਹਜ਼ਾਰ ਰੁਪਏ ਸਾਲਾਨਾ ਮਿਲਣਗੇ । ਚੋਣ ਕਮਿਸ਼ਨ ਨੇ ਪਹਿਲੀ ਵਾਰ ਚੋਣ ਰਜਿਸਟ੍ਰੇਸ਼ਨ ਅਫਸਰਾਂ EROs ਅਤੇ ਸਹਾਇਕ ਚੋਣ ਰਜਿਸਟ੍ਰੇਸ਼ਨ ਅਫਸਰਾਂ AEROs ਲਈ ਭੱਤਾ ਪ੍ਰਦਾਨ ਕੀਤਾ ਏ। EROs ਨੂੰ 30 ਹਜ਼ਾਰ ਰੁਪਏ ਦਿੱਤੇ ਜਾਣਗੇ ਜਦੋਂ ਕਿ AEROs ਨੂੰ 25 ਹਜ਼ਾਰ ਰੁਪਏ ਮਿਲਣਗੇ। ਚੋਣ ਸੰਸਥਾ ਨੇ ਬਿਹਾਰ ਤੋਂ ਸ਼ੁਰੂ ਹੋਣ ਵਾਲੀ ਵਿਸ਼ੇਸ਼ ਗਹਿਨ ਸੋਧ SIR ਲਈ BLO ਲਈ ਛੇ ਹਜ਼ਾਰ ਰੁਪਏ ਦੇ ਵਿਸ਼ੇਸ਼ ਭੱਤੇ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ ।

------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਲੋਕਾਂ ਦੀ ਸੇਵਾ ਲਈ ਮਹਾਨ ਸਿੱਖ ਗੁਰੂਆਂ ਦੀਆਂ ਸਿੱਖਿਆਵਾਂ 'ਤੇ ਚੱਲ ਰਹੀ ਏ ਅਤੇ ਸੂਬੇ ਦੇ ਵਿਕਾਸ ਦੀ ਗਤੀ ਨੂੰ ਹੋਰ

ਤੇਜ਼ ਕਰਨ ਲਈ ਵਚਨਬੱਧ ਏ। ਕੱਲ ਰੂਪਨਗਰ ਵਿਖੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਅਤੇ ਬੇਮਿਸਾਲ ਵਿਕਾਸ ਤੇ ਤਰੱਕੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰਨ ਦਾ ਮੌਕਾ ਮਿਲਣ ਲਈ ਖ਼ੁਦ ਨੂੰ ਖੁਸ਼ਨਸੀਬ ਸਮਝਦੇ ਨੇ। ਉਨ੍ਹਾਂ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਸੂਬੇ ਵਿੱਚ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੂੰ ਮਹਾਨ ਸਿੱਖ ਗੁਰੂਆਂ ਦੀਆਂ ਸਿੱਖਿਆਵਾਂ ਤੋਂ ਜ਼ਿੰਮੇਵਾਰੀ ਅਤੇ ਸੇਵਾ ਦੀ ਭਾਵਨਾ ਮਿਲਦੀ ਏ। ਉਨ੍ਹਾਂ ਉਮੀਦ ਪ੍ਰਗਟਾਈ ਕਿ ਵਾਹਿਗੁਰੂ ਦੇ ਆਸ਼ੀਰਵਾਦ ਨਾਲ ਪੰਜਾਬ ਹਰ ਖੇਤਰ ਵਿੱਚ ਦੇਸ਼ ਵਿੱਚ ਮੋਹਰੀ ਸੂਬਾ ਬਣ ਕੇ ਉਭਰੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਇਸ ਪਵਿੱਤਰ ਧਰਤੀ ਦੇ ਸੰਪੂਰਨ ਵਿਕਾਸ ਨੂੰ ਯਕੀਨੀ ਬਣਾਏਗੀ ਅਤੇ ਇਸ ਲਈ ਸਾਰੇ ਲੋੜੀਂਦੇ ਯਤਨ ਜਾਰੀ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਕਿਉਂਕਿ ਸਰਕਾਰ ਇਸ ਇਤਿਹਾਸਕ ਅਤੇ ਅਧਿਆਤਮਿਕ ਮਹੱਤਤਾ ਵਾਲੇ ਸਥਾਨ ਨੂੰ ਵਿਕਸਤ ਕਰਨ ਲਈ ਵਚਨਬੱਧ ਏ।

---

ਪੰਜਾਬ ਵਿਜੀਲੈਂਸ ਬਿਊਰੋ ਵਲੋਂ ਬਿਕਰਮ ਸਿੰਘ ਮਜੀਠੀਆ ਖਿਲਾਫ ਐਸ.ਏ.ਐਸ ਨਗਰ ਵਿਖੇ ਦਰਜ ਮਾਮਲੇ ਦੀ ਜਾਂਚ ਨੂੰ ਅੱਗੇ ਵਧਾਉਂਦੇ

ਹੋਏ, ਬਿਊਰੋ ਨੇ ਬੀਤੇ ਕੱਲ ਗਿਲਕੋ ਡਿਵੈਲਪਰਾਂ ਨਾਲ ਜੁੜੀਆਂ ਤਿੰਨ ਜਾਇਦਾਦਾਂ 'ਤੇ ਛਾਪੇਮਾਰੀ ਕੀਤੀ । ਇਸ ਦੌਰਾਨ, ਵਿਜੀਲੈਂਸ ਬਿਊਰੋ ਨੇ ਗਿਲਕੋ ਡਿਵੈਲਪਰਾਂ ਅਤੇ ਬਿਕਰਮ ਸਿੰਘ ਮਜੀਠੀਆ ਨਾਲ ਜੁੜੀਆਂ ਇਕਾਈਆਂ ਵਿਚਕਾਰ ਕਰੋੜਾਂ ਦੇ ਸ਼ੱਕੀ ਵਿੱਤੀ ਲੈਣ-ਦੇਣ ਦੇ ਵੇਰਵਿਆਂ ਦਾ ਖੁਲਾਸਾ ਕੀਤਾ ਏ । ਇਸ ਸਬੰਧ ਵਿੱਚ ਹੋਰ ਜਾਂਚ ਜਾਰੀ ਏ ।

ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਪੰਜਾਬ ਅਤੇ ਚੰਡੀਗੜ੍ਹ ਵਿੱਚ ਤਲਾਸ਼ੀ ਲਈ ਗਈ। ਉਨ੍ਹਾਂ ਕਿਹਾ ਕਿ ਬਿਕਰਮ ਸਿੰਘ ਮਜੀਠੀਆ ਖਿਲਾਫ ਮਾਮਲਾ ਦਰਜ ਹੋਣ ਤੋਂ ਬਾਅਦ, ਗਿਲਕੋ ਡਿਵੈਲਪਰਾਂ ਅਤੇ ਕੁਝ ਇਕਾਈਆਂ ਵਿਚਕਾਰ ਕੁਝ ਸ਼ੱਕੀ ਵਿੱਤੀ ਸਬੰਧ ਅਤੇ ਲੈਣ-ਦੇਣ ਸਾਹਮਣੇ ਆਏ ਸਨ। ਇਨ੍ਹਾਂ ਦੀ ਜਾਂਚ ਕੀਤੀ ਗਈ । ਇਨ੍ਹਾਂ ਲੈਣ-ਦੇਣਾਂ ਦੀ ਹੋਰ ਡੂੰਘਾਈ ਨਾਲ ਜਾਂਚ ਕਰਨ ਅਤੇ ਸੰਬੰਧਿਤ ਸਬੂਤ ਇਕੱਠੇ ਕਰਨ ਲਈ, ਵਿਜੀਲੈਂਸ ਬਿਊਰੋ ਨੇ ਕਾਨੂੰਨ ਦੁਆਰਾ ਸਥਾਪਿਤ ਪ੍ਰਕਿਰਿਆ ਅਨੁਸਾਰ ਇਹ ਤਲਾਸ਼ੀਆਂ ਲਈਆਂ ਨੇ । ਚੱਲ ਰਹੀਆਂ ਤਲਾਸ਼ੀਆਂ ਵਿੱਚ ਕਈ ਦੋਸ਼ਪੂਰਨ ਦਸਤਾਵੇਜ਼, ਇਲੈਕਟ੍ਰਾਨਿਕ ਉਪਕਰਣ ਅਤੇ ਹੋਰ ਸਬੂਤ ਜ਼ਬਤ ਕੀਤੇ ਗਏ ਹਨ। ਬੁਲਾਰੇ ਨੇ ਕਿਹਾ ਕਿ ਉਪਰੋਕਤ ਤਲਾਸ਼ੀ ਦੌਰਾਨ ਇਲੈਕਟ੍ਰਾਨਿਕ ਯੰਤਰ ਅਤੇ ਸੰਬੰਧਿਤ ਦਸਤਾਵੇਜ਼ ਵੀ ਜ਼ਬਤ ਕੀਤੇ ਗਏ ਨੇ ।

-----------------------------------------------------------------

ਪੰਜਾਬ ਪੁਲਿਸ ਨੇ ਆਉਂਦੇ ਆਜ਼ਾਦੀ ਦਿਹਾੜੇ ਦੇ ਸ਼ਾਂਤੀਪੂਰਨ ਜਸ਼ਨਾਂ ਨੂੰ ਯਕੀਨੀ ਬਣਾਉਣ ਲਈ ਸੂਬੇ ਭਰ ਵਿੱਚ ਸੁਰੱਖਿਆ ਵਧਾ ਦਿੱਤੀ ਏ ਅਤੇ ਅਪਰਾਧਿਕ ਤੇ ਸਮਾਜ ਵਿਰੋਧੀ ਅਨਸਰਾਂ ’ਤੇ ਨਜ਼ਰ ਰੱਖਣ ਲਈ ਵਿਸ਼ੇਸ਼ ਪੰਦਰਵਾੜਾ ਮੁਹਿੰਮ ਸ਼ੁਰੂ ਕੀਤੀ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਦੇ ਨਿਰਦੇਸ਼ਾਂ ਅਨੁਸਾਰ ਸਾਰੇ ਸੀ.ਪੀ.ਜ਼,ਐਸ.ਐਸ.ਪੀ.ਜ਼ ਨੂੰ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਸੁਰੱਖਿਆ ਉਪਾਵਾਂ ਵਿੱਚ ਵਾਧਾ ਕਰਨ, ਗਸ਼ਤ ਵਧਾਉਣ ਅਤੇ ਰਾਤ ਦੇ ਅਭਿਆਨ ਨੂੰ ਹੋਰ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ । ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਕਿਹਾ ਕਿ ਇਨ੍ਹਾਂ ਦੋ ਹਫ਼ਤਿਆਂ ਵਿੱਚ ਵੱਖ-ਵੱਖ ਕਾਰਵਾਈਆਂ ਵਿੱਚ ਦਹਿਸ਼ਤਗਰਦੀ ਗੈਂਗਸਟਰ ਵਿਰੋਧੀ ਕਾਰਵਾਈਆਂ, ਜੇਲ੍ਹਾਂ ਦੀ ਜਾਂਚ, ਰਣਨੀਤਕ ਸਥਾਨਾਂ ’ਤੇ ਨਾਕੇ ਲਗਾਉਣਾ, ਤਲਾਸ਼ੀ ਅਭਿਆਨ ਸ਼ਾਮਲ ਨੇ । ਉਨ੍ਹਾਂ ਕਿਹਾ ਕਿ ਸ਼ੱਕੀ ਗਤੀਵਿਧੀਆਂ ਤੇ ਵਿਅਕਤੀਆਂ ’ਤੇ ਨੇੜਿਓਂ ਨਜ਼ਰ ਰੱਖਣ ਅਤੇ ਕਿਸੇ ਵੱਲੋਂ ਵੀ ਸੁਰੱਖਿਆ ਉਲੰਘਣਾ ਦੀ ਸਥਿਤੀ ਵਿੱਚ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ ਨੇ।

-----------------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਨੇ ਸ਼ਹਿਰ ਵਿੱਚ ਕਾਨੂੰਨ-ਵਿਵਸਥਾ

ਬਰਕਰਾਰ ਰੱਖਣ ਲਈ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਦੀ ਅਗਵਾਈ ਹੇਠ ਜੁਲਾਈ ਮਹੀਨੇ ਦੌਰਾਨ 12 ਭਗੌੜੇ ਅਪਰਾਧੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਪੁਲਿਸ ਟੀਮਾਂ ਨੇ ਇਨ੍ਹਾਂ ਅਪਰਾਧੀਆ ਨੂੰ ਫੜਨ ਲਈ ਕਈ ਥਾਵਾਂ 'ਤੇ ਛਾਪੇਮਾਰੀ ਕੀਤੀ। ਉਨ੍ਹਾਂ ਦੱਸਿਆ ਕਿ ਮਾਰਚ ਮਹੀਨੇ ਤੋਂ ਹੁਣ ਤੱਕ ਕੁੱਲ 66 ਮੁਲਜ਼ਮਾਂ ਨੂੰ ਕਮਿਸ਼ਨਰੇਟ ਪੁਲਿਸ ਜਲੰਧਰ ਗ੍ਰਿਫ਼ਤਾਰ ਕਰ ਚੁੱਕੀ ਏ।

---------------------------------------------------------------------

ਪੰਜਾਬ ਵਿੱਚ ਬੱਦਲਵਾਈ ਬਣੀ ਹੋਈ ਏ ਅਤੇ ਸੂਬੇ ਦੇ ਕਈ ਹਿੱਸਿਆਂ ਵਿੱਚ ਅੱਜ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਈ, ਜਿਸ ਕਾਰਨ ਥੋੜੀ ਨਮੀ ਵਾਲੀ ਸਥਿਤੀ ਬਣੀ ਹੋਈ ਏ। ਮੌਸਮ ਵਿਭਾਗ ਨੇ ਅੱਜ ਪਟਿਆਲਾ, ਰਾਜਪੁਰਾ, ਡੇਰਾਬੱਸੀ, ਮੋਹਾਲੀ, ਖਰੜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਦਰਮਿਆਨੀ ਤੋਂ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ , ਇਸ ਤੋਂ ਇਲਾਵਾ ਕੁਝ ਹੋਰ ਹਿੱਸਿਆਂ ਵਿੱਚ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਏ। ਵਿਭਾਗ ਨੇ ਅੱਜ ਤੋਂ 6 ਅਗਸਤ ਤੱਕ ਪੰਜਾਬ ਅਤੇ ਹਰਿਆਣਾ ਵਿੱਚ ਵੱਖ-ਵੱਖ ਥਾਵਾਂ 'ਤੇ ਗਰਜ ਚਮਕ ਨਾਲ ਨਾਲ ਮੀਂਹ ਪੈਣ ਬਾਰੇ ਯਲੋ ਅਲਰਟ ਜਾਰੀ ਕੀਤਾ ਏ। ਇਸ ਦੌਰਾਨ, ਅੱਜ ਸਵੇਰੇ ਪਠਾਨਕੋਟ ਦੇ ਥੀਨ ਡੈਮ ਖੇਤਰ ਵਿੱਚ ਘੱਟੋ-ਘੱਟ ਤਾਪਮਾਨ 23.2 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਜਦੋਂ ਕਿ

ਰੂਪਨਗਰ ਵਿੱਚ ਕੱਲ੍ਹ ਵੱਧ ਤੋਂ ਵੱਧ ਤਾਪਮਾਨ 34.5 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।